# ਦਫਤਰ ਨਗਰ ਨਿਗਮ ਹੁਸ਼ਿਆਰਪੁਰ।
# ਪ੍ਰੈਸ ਨੋਟ

## ਦਸਮੇਸ਼ ਨਗਰ ਵਿਖੇ 5 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੇ ਕਮਿਊਨਟੀ ਹਾਲ ਦੇ ਕੰਮ ਦੀ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 1 ਜਨਵਰੀ 2017 ਵਾਰਡ ਨੰ: 44 ਦੇ ਮੁਹੱਲਾ ਦਸਮੇਸ਼ ਨਗਰ ਵਿਖੇ 5 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੇ ਕਮਿਊਨਟੀ ਹਾਲ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਰੀਬਨ ਕੱਟਵਾ ਕੇ ਕੀਤੀ। ਉਹਨਾਂ ਦੱਸ਼ਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ ਸਿੰਘ ਬਾਦਲ ਵੱਲੋਂ ਪਿਛਲੇ ਦਿਨੀ ਕੀਤੇ ਗਏ ਸੰਗਤ ਦੌਰਾਨ ਇਸ ਵਾਰਡ ਦੇ ਨਿਵਾਸੀਆਂ ਨੇ ਕੌਂਸਲਰ ਨਰਿੰਦਰ ਸਿੰਘ ਦੀ ਅਗਵਾਈ ਵਿੱਚ ਕਮਿਊਨਟੀ ਹਾਲ ਬਣਾਉਣ ਦੀ ਦੀ ਮੰਗ ਕੀਤੀ ਸੀ। ਉਹਨਾਂ ਦੀ ਮੰਗ ਅਨੁਸਾਰ 5 ਲੱਖ ਰੁਪਏ ਮੁੱਖ ਮੰਤਰੀ ਪੰਜਾਬ ਵੱਲੋਂ ਪ੍ਰਾਪਤ ਹੋਏ ਚੁੱਕੇ ਹਨ, ਜਿਸ ਨਾਲ ਕਮਿਊਨਟੀ ਹਾਲ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਨੂੰ ਜਲਦੀ ਹੀ ਮਕੰਮਲ ਕਰ ਲਿਆ ਜਾਵੇਗਾ। ਉਹਨਾਂ ਦੱਸਿਆ ਕਿ ਇਸ ਦੇ ਬਨਣ ਨਾਲ ਮੁਹੱਲਾ ਵਾਸੀਆਂ ਨੂੰ ਆਪਣੇ ਸੁੱਖ-ਦੁੱਖ ਦੇ ਸਾਂਝੇ ਸਮਾਗਮ ਕਰਨ ਦੀ ਸਹੂਲਤ ਮਿਲੇਗੀ।

ਨਗਰ ਨਿਗਮ ਦੇ ਐਸ.ਡੀ.ਓ ਹਰਪ੍ਰੀਤ ਸਿੰਘ, ਕੁਲਦੀਪ ਸਿੰਘ ਜੇ.ਈ. ਲਵਦੀਪ ਸਿੰਘ, ਕੌਂਸਲਰ ਨਿਪੁਨ ਸ਼ਰਮਾ, ਸਾਬਕਾ ਕੌਂਸਲਰ ਸੁਰਜੀਤ ਸਿੰਘ ਬੰਗੜ, ਲਖਵੀਰ ਸਿੰਘ, ਯਸ਼ਪਾਲ ਸ਼ਰਮਾ, ਜਰਨੈਲ ਸਿੰਘ, ਚਰਨਜੀਤ ਸਿੰਘ ਖੇੜਾ, ਦਿਲਬਾਗ ਸਿੰਘ, ਦਰਸ਼ਨ ਕੁਮਾਰ ਮਹਿਤਾ, ਗੁਰਚਰਨ ਸਿੰਘ, ਅਮਰਜੀਤ ਸਿੰਘ, ਕੁਲਦੀਪ ਸਿੰਘ, ਗੁਰਦੇਵ ਸਿੰਘ ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜਰ ਸਨ।